# ਡਿਫਥੇਰੀਆ, ਟੈਟਨਸ,ਪਰਟੂਸਿਸ, ਪੋਲੀਓ, *ਹੀਮੋਫਿਲਸ ਇਨਫਲੂਐਂਜ਼ਾਈ* ਟਾਈਪ ਬੀ. (ਡੀਟੈਪ-ਆਈਪੀਵੀ-ਹਿਬ) ਵੈਕਸੀਨ

# Diphtheria, Tetanus, Pertussis, Polio, *Haemophilus influenzae* Type b (DTaP-IPV-Hib) Vaccine

**ਆਪਣੇ ਬੱਚੇ ਨੂੰ ਸੁਰੱਖਿਅਤ ਰੱਖੋ।**
**ਸਾਰੇ ਵੈਕਸੀਨ ਸਮੇਂ ਸਿਰ ਦਿਵਾਓ।**

ਸਮੇਂ ਸਿਰ ਵੈਕਸੀਨੇਸ਼ਨ ਕਰਵਾ ਕੇ ਤੁਹਾਡੇ ਬੱਚੇ ਦਾ ਜ਼ਿੰਦਗੀ-ਭਰ ਲਈ ਕਈ ਬਿਮਾਰੀਆਂ ਤੋਂ ਬਚਾਅ ਹੋ ਜਾਂਦਾ ਹੈ।

ਬਿਮਾਰੀਆਂ ਤੋਂ ਬਚਾਉਣ ਲਈ ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜਿਆਦਾ ਜਾਨਾਂ ਬਚਾਈਆਂ ਹਨ।

## ਡੀਟੈਪ-ਆਈਪੀਵੀ -ਹਿਬ ਵੈਕਸੀਨ ਕੀ ਹੈ?

ਡੀਟੈਪ-ਆਈਪੀਵੀ-ਹਿਬ ਵੈਕਸੀਨ 5 ਬਿਮਾਰੀਆਂ ਦੇ ਵਿਰੁੱਧ ਰੱਖਿਆ ਕਰਦੀ ਹੈ:

- ਡਿਪਥੀਰੀਆ
- ਟੈਟਨਸ
- ਪਰਟੂਸਿਸ (ਵੂਪਿੰਗ ਕੱਫ)
- ਪੋਲੀਓ
- *ਹੀਮੋਫਿਲਸ ਇਨਫਲੂਐਂਜ਼ਾਈ ਟਾਇਪ ਬੀ*

ਵੈਕਸੀਨ ਹੈਲਥ ਕੈਨੇਡਾ ਵਲੋਂ ਮਾਨਤਾ ਪ੍ਰਾਪਤ ਹੈ ਅਤੇ ਤੁਹਾਡੇ ਬੱਚੇ ਦੇ ਨੇਮਕ ਟੀਕਾਕਰਣ ਦੇ ਹਿਸੇ ਵਜੋਂ ਮੁਫਤ ਮੁਹੱਈਆਂ ਕੀਤੀ ਜਾਂਦੀ ਹੈ। ਮਿਲਣ ਦਾ ਸਮਾਂ ਤਹਿ ਕਰਨ ਲਈ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਫੋਨ ਕਰੋ।

## ਡੀਟੈਪ-ਆਈਪੀਵੀ-ਹਿਬ ਵੈਕਸੀਨ ਕਿਸ ਨੂੰ ਨਹੀਂ ਲੈਣੀ ਚਾਹੀਦੀ?

ਡੀਟੈਪ-ਆਈਪੀਵੀ-ਹਿਬ ਵੈਕਸੀਨ ਬੱਚਿਆਂ ਨੂੰ 18 ਮਹੀਨਿਆਂ ਦੀ ਉਮਰ ਤੇ ਦਿੱਤੀ ਜਾਂਦੀ ਹੈ।ਇਹ ਉਨ੍ਹਾਂ ਬੱਚਿਆਂ ਵਾਸਤੇ ਬੂਸਟਰ ਖੁਰਾਕ ਹੁੰਦੀ ਹੈ ਜਿੰਨ੍ਹਾਂ ਨੇ 2, 4 ਅਤੇ 6 ਮਹੀਨਿਆਂ ਦੀ ਉਮਰ ਤੇ ਡੀਟੈਪ- **ਐਚਬੀ** - ਆਈਪੀਵੀ - ਹਿਬ ਦੀ 3 ਖੁਰਾਕਾਂ ਦੀ ਪ੍ਰਾਈਮਰੀ ਲੜੀ ਪੂਰੀ ਕੀਤੀ ਹੈ।ਡੀਟੈਪ- **ਐਚਬੀ** - ਆਈਪੀਵੀ - ਹਿਬ ਵੈਕਸੀਨ ਹੈਪੇਟਾਈਟਿਸ ਬੀ ਵਿਗਾੜ ਦੇ ਵਿਰੁੱਧ ਵੀ ਰੱਖਿਆ ਕਰਦੀ ਹੈ।ਹੋਰ ਜਾਣਕਾਰੀ ਲਈ, HealthLinkBC File #105 ਡਿਪਥੀਰੀਆ, ਟੈਟਨਸ, ਪਰਟੂਸਸ, ਹੈਪਾਟਾਈਟਿਸ ਬੀ., ਪੋਲੀਓ ਅਤੇ *ਹੀਮੋਫਿਲਸ ਇੰਨਫਲੂਐਂਜ਼ੀ* ਟਾਈਪ ਬੀ. (DTap-HB-IPV-Hib) ਵੈਕਸੀਨ ਦੇਖੋ।

ਜੇ ਤੁਹਾਡੇ ਬੱਚੇ ਨੇ ਡੀਟੈਪ-ਆਈਪੀਵੀ-ਹਿਬ ਦੀ ਪ੍ਰਾਇਮਰੀ ਸੀਰੀਜ਼ ਸ਼ੁਰੂ ਕਰ ਦਿੱਤੀ ਹੈ ਜਿਸ ਵਿੱਚ ਹੈਪੇਟਾਈਟਿਸ ਬੀ ਸ਼ਾਮਲ ਨਹੀਂ ਹੈ, ਤਾਂ ਉਨ੍ਹਾਂ ਨੂੰ ਉਨ੍ਹਾਂ ਦਾ ਟੀਕਾਕਰਣ ਉਸੀ ਵੈਕਸੀਨ ਦੇ ਨਾਲ ਪੂਰਾ ਕਰਨਾ ਚਾਹੀਦਾ ਹੈ।ਉਨ੍ਹਾਂ ਨੂੰ ਹੈਪੇਟਾਈਟਿਸ ਬੀ ਵੈਕਸੀਨ ਵੀ ਮਿਲਣੀ ਚਾਹੀਦੀ ਹੈ।ਹਾਲਾਂਕਿ ਡੀਟੈਪ-ਆਈਪੀਵੀ-ਹਿਬ ਅਤੇ ਹੈਪੇਟਾਈਟਿਸ ਬੀ ਵੈਕਸੀਨਾਂ ਨੂੰ ਵਖਰੇ ਟੀਕਿਆਂ ਦੀ ਤਰ੍ਹਾਂ ਦਿੱਤਾ ਜਾਂਦਾ ਹੈ ਜਦੋਂ ਸੰਭਵ ਹੋਏ ਉਨ੍ਹਾਂ ਨੂੰ ਇੱਕੋ ਸਮੇਂ ਤੇ ਦਿੱਤਾ ਜਾਣਾ ਚਾਹੀਦਾ ਹੈ।ਡੀਟੈਪ-ਆਈਪੀਵੀ-ਹਿਬ ਦੀ ਪ੍ਰਾਇਮਰੀ ਸੀਰੀਜ਼ ਨੂੰ ਪੂਰਾ ਕਰਨ ਤੋਂ ਬਾਅਦ, ਤੁਹਾਡੇ ਬੱਚੇ ਨੂੰ 18 ਮਹੀਨਿਆਂ ਦੀ ਉਮਰ ਤੇ ਡੀਟੈਪ-ਆਈਪੀਵੀ-ਹਿਬ ਦੀ ਬੂਸਟਰ ਖੁਰਾਕ ਮਿਲਣੀ ਚਾਹੀਦੀ ਹੈ।ਹੋਰ ਜਾਣਕਾਰੀ ਲਈ, HealthLinkBC File #25c ਹੈਪੇਟਾਈਟਸ ਬੀ ਇੰਨਫੈਂਟ ਵੈਕਸੀਨ ਦੇਖੋ।

ਡੀਟੈਪ-ਆਈਪੀਵੀ-ਹਿਬ ਵੈਕਸੀਨ ਉਨ੍ਹਾਂ ਲੋਕਾਂ ਨੂੰ ਵੀ ਮੁਫਤ ਮੁਹੱਈਆ ਕੀਤੀ ਜਾਂਦੀ ਹੈ ਜਿੰਨਾਂ ਨੇ ਸਟੈਮ ਸੈਲ ਟਰਾਂਸਪਲਾਂਟ ਪ੍ਰਾਪਤ ਕੀਤਾ ਹੈ।

ਬਿਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

## ਡੀਟੈਪ-ਆਈਪੀਵੀ -ਹਿਬ ਵੈਕਸੀਨ ਦੇ ਕੀ ਲਾਭ ਹਨ?

ਡੀਟੈਪ-ਆਈਪੀਵੀ-ਹਿਬ ਵੈਕਸੀਨ ਡਿਪਥੀਰੀਆ,ਟੈਟਨਸ, ਪਰਟੂਸਿਸ, ਪੋਲੀਓ ਅਤੇ *ਹੀਮੋਫਿਲਸ ਇਨਫਲੂਐਂਜ਼ਾਈ* ਟਾਇਪ ਬੀ. ਜੋ ਕਿ ਗੰਭੀਰ ਅਤੇ ਕਈ ਵਾਰੀ ਜਾਨਲੇਵਾ ਬਿਮਾਰੀਆਂ ਹਨ ਦੇ ਵਿਰੁੱਧ ਤੁਹਾਡੇ ਬੱਚੇ ਦੀ ਰੱਖਿਆ ਕਰਦੀ ਹੈ।

ਜਦੋਂ ਤੁਸੀਂ ਬਿਮਾਰੀਆਂ ਤੋਂ ਬਚਾਉ ਲਈ ਟੀਕੇ ਲਗਵਾਉਂਦੇ ਹੋ ਤਾਂ,ਤੁਸੀਂ ਦੂਜਿਆਂ ਦੀ ਰੱਖਿਆ ਕਰਨ ਵਿੱਚ ਵੀ ਮਦਦ ਕਰਦੇ ਹੋ।

## ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ।ਵੈਕਸੀਨ ਲਗਵਾਉਣਾ ਬਿਮਾਰੀ ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ।

ਵੈਕਸੀਨਾਂ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਬਾਂਹ ਵਿੱਚ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਕਈ ਬੱਚਿਆਂ ਨੂੰ ਬੁਖਾਰ ਹੋ ਸਕਦਾ ਹੈ, ਉਹ ਚਿੜਚਿੜੇਪਣ, ਸੁਸਤੀ, ਭੁੱਖ ਨਾ ਲਗਣ, ਉਲਟੀਆਂ ਅਤੇ ਦਸਤ ਦਾ ਅਨੁਭਵ ਵੀ ਕਰ ਸਕਦੇ ਹਨ।ਇਹ ਪ੍ਰਤੀਕ੍ਰਿਆਵਾਂ ਹਲਕੀਆਂ ਹੁੰਦੀਆਂ ਹਨ ਅਤੇ ਆਮ ਤੌਰ ਤੇ 1 ਤੋਂ 2 ਦਿਨਾਂ ਤੱਕ ਰਹਿੰਦੀਆਂ ਹਨ।ਲਾਲੀ ਅਤੇ ਸੋਜ ਦੇ ਵੱਡੇ ਖੇਤਰ ਮੌਜੂਦ ਹੋ ਸਕਦੇ ਹਨ ਪਰ ਇਹ ਆਮਤੌਰ ਤੇ ਸਧਾਰਨ ਗਤੀਵਿਧੀ ਵਿੱਚ ਵਿਘਨ ਨਹੀਂ ਪਾਉਂਦੇ।

ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਾਹਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ।ਏਐਸਏ (ASA) (ਉਦਾਹਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

* 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪਹਿਲਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕੀਤੇ ਬਿਨਾਂ ਆਈਬਿਊਪ੍ਰੋਫੇਨ ਨਹੀਂ ਦਿੱਤੀ ਜਾਣੀ ਚਾਹੀਦੀ।

ਰਾਈ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰੇਏ ਸਿੰਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ, ਇੱਕ ਮਿਲੀਅਨ ਵਿੱਚੋਂ 1 ਤੋਂ ਵੀ ਘੱਟ, ਸੰਭਾਵਨਾ ਹੋ ਸਕਦੀ ਹੈ।ਇਸ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ।ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੁਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ।ਜੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈ ਪ੍ਰਤੀਕ੍ਰਿਆਵਾਂ ਬਾਰੇ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਡੀਟੈਪ-ਆਈਪੀਵੀ-ਹਿਬ ਵੈਕਸੀਨ ਕਿਸ ਨੂੰ ਨਹੀਂ ਲੈਣੀ ਚਾਹੀਦੀ?

ਜੇ ਤੁਹਾਨੂੰ ਜਾਂ ਤੁਹਾਡੇ ਬੱਚੇ ਨੂੰ ਪਹਿਲਾਂ ਲਈ ਗਈ ਡਿਪਥੀਰੀਆ, ਟੈਟਨਸ, ਪਰਟੂਸਿਸ, ਪੋਲੀਓ ਜਾਂ *ਹੀਮੋਫਿਲਸ ਇਨਫਲੂਐਂਜ਼ਾਈ* ਟਾਇਪ ਬੀ. ਵੈਕਸੀਨ ਦੀ ਖੁਰਾਕ,ਜਾਂ ਨਿਓਮਾਈਸਿਨ, ਪੌਲੀਮੈਕਸਿਨ ਬੀ,ਜਾਂ ਸਟ੍ਰੈਪਟੋਮਾਈਸਿਨ ਸਮੇਤ ਵੈਕਸੀਨਾਂ ਦੇ ਕਿਸੇ ਵੀ ਅੰਸ਼ ਪ੍ਰਤੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਹੋਈ ਹੈ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕਰੋ।ਇਹ ਵੈਕਸੀਨ ਆਮਤੌਰ ਤੇ 7 ਸਾਲਾਂ ਅਤੇ ਉਸ ਤੋਂ ਵੱਧ ਉਮਰ ਦੇ ਲੋਕਾਂ ਨੂੰ ਨਹੀਂ ਦਿੱਤੀ ਜਾਂਦੀ।

ਟੈਟਨਸ ਵੈਕਸੀਨ ਲਗਵਾਉਣ ਦੇ 8 ਹਫਤਿਆਂ ਦੇ ਅੰਦਰ ਹੀ ਬਿਨਾਂ ਕਿਸੇ ਹੋਰ ਜਾਣੇ ਪਛਾਣੇ ਕਾਰਣ ਦੀ ਪਛਾਣ ਕੀਤੇ ਜਾਣ ਬਗੈਰ ਗੁਲੀਅਨ ਬਾਰ ਸਿੰਨਡਰੋਮ (ਜੀ ਬੀ ਐਸ) ਵਿਕਸਤ ਕਰਨ ਵਾਲੇ ਲੋਕਾਂ ਨੂੰ ਟੀਡੈਪ-ਆਈਪੀਵੀ-ਹਿਬ ਵੈਕਸੀਨ ਨਹੀਂ ਲੈਣੀ ਚਾਹੀਦੀ।ਜੀ ਬੀ ਐਸ ਇੱਕ ਵਿਰਲੀ ਅਵਸਥਾ ਹੈ ਜਿਸ ਦਾ ਨਤੀਜਾ ਸਰੀਰ ਦੀਆਂ ਮਾਸਪੇਸ਼ੀਆਂ ਵਿੱਚ ਕਮਜ਼ੋਰੀ ਅਤੇ ਲਕਵਾ ਹੋ ਸਕਦਾ ਹੈ। ਇਹ ਸਭ ਤੋਂ ਆਮਤੌਰ ਤੇ ਵਿਗਾੜਾਂ ਤੋਂ ਬਾਦ ਹੁੰਦੀ ਹੈ,ਪਰ ਵਿਰਲੇ ਕੇਸਾਂ ਵਿੱਚ ਕੁਝ ਵੈਕਸੀਨਾਂ ਤੋਂ ਬਾਦ ਵੀ ਹੋ ਸਕਦੀ ਹੈ।

ਜ਼ੁਕਾਮ ਜਾਂ ਕਿਸੇ ਹੋਰ ਹਲਕੀ ਬਿਮਾਰੀ ਕਰਕੇ ਬਿਮਾਰੀਆਂ ਤੋਂ ਬਚਾਉਣ ਵਾਲੇ ਟੀਕੇ ਲਗਵਾਉਣ ਨੂੰ ਟਾਲਣ ਦੀ ਲੋੜ ਨਹੀਂ ਹੈ। ਪਰ, ਜੇ ਤੁਹਾਡੀਆਂ ਕੁਝ ਚਿੰਤਾਵਾਂ ਹਨ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕਰੋ।

## ਡਿਪਥੀਰੀਆ, ਟੈਟਨਸ, ਪਰਟੂਸਿਸ, ਟੈਟਨਸ, ਪੋਲੀਓ ਅਤੇ *ਹੀਮੋਫਿਲਸ ਇਨਫਲੂਐਂਜ਼ਾਈ* ਟਾਈਪ ਬੀ. ਕੀ ਹਨ?

**ਡਿਪਥੀਰੀਆ**,ਨੱਕ ਅਤੇ ਗਲੇ ਦਾ ਇੱਕ ਗੰਭੀਰ ਵਿਗਾੜ ਹੈ ਜੋ ਡਿਪਥੀਰੀਆ ਬੈਕਟੀਰੀਆ ਕਰਕੇ ਹੁੰਦਾ ਹੈ।ਇਹ ਬੈਕਟੀਰੀਆ ਲੋਕਾਂ ਦੇ ਛਿੱਕਣ ਜਾਂ ਖੰਘਣ ਕਰਕੇ ਹਵਾ ਰਾਹੀਂ,ਅਤੇ ਸਿੱਧੇ ਤੌਰ ਤੇ ਚਮੜੀ ਨਾਲ ਚਮੜੀ ਦਾ ਸੰਪਰਕ ਹੋਣ ਨਾਲ ਫੈਲਦੇ ਹਨ। ਇਸ ਬੀਮਾਰੀ ਦਾ ਨਤੀਜਾ ਸਾਹ ਸੰਬੰਧੀ ਬਹੁਤ ਗੰਭੀਰ ਸਮੱਸਿਆਵਾਂ ਹੋ ਸਕਦਾ ਹੈ।ਇਹ ਹਾਰਟ ਫੇਲ ਹੋਣ ਜਾਂ ਲਕਵੇ ਦਾ ਕਾਰਨ ਵੀ ਬਣ ਸਕਦੀ ਹੈ।ਸੰਭਵ ਹੈ ਕਿ ਡਿਪਥੀਰੀਆ ਹੋਣ ਵਾਲੇ ਲਗਭਗ 10 ਲੋਕਾਂ ਵਿੱਚੋਂ 1 ਦੀ ਮੌਤ ਹੋ ਜਾਏ।

**ਪਰਟੂਸਿਸ**, ਜਿਸ ਨੂੰ ਵੂਪਿੰਗ ਕੱਫ ਦੀ ਤਰ੍ਹਾਂ ਵੀ ਜਾਣਿਆ ਜਾਂਦਾ ਹੈ, ਪਰਟੂਸਿਸ ਬੈਕਟੀਰੀਆ ਕਰਕੇ ਹੋਣ ਵਾਲਾ ਸਾਹ ਦੇ ਰਸਤਿਆਂ ਦਾ ਗੰਭੀਰ ਵਿਗਾੜ ਹੈ। ਪਰਟੂਸਿਸ ਨਿਮੋਨਿਆ,ਝੰਜੋੜਾਂ, ਦਿਮਾਗ ਨੂੰ ਨੁਕਸਾਨ ਜਾਂ ਮੌਤ ਦਾ ਕਾਰਨ ਬਣ ਸਕਦੀ ਹੈ।ਇਹ ਜਟਿਲਤਾਵਾਂ ਅਕਸਰ ਸਭ ਤੋਂ ਜਿਆਦਾ ਛੋਟੇ ਬੱਚਿਆਂ ਵਿੱਚ ਦੇਖੀਆਂ ਜਾਂਦੀਆਂ ਹਨ।ਇਹ ਬੈਕਟੀਰੀਆ ਖੰਘਣ, ਛਿੱਕਣ ਜਾਂ ਨਿਕਟੀ ਆਮ੍ਹੋ ਸਾਮ੍ਹਣੇ ਦੇ ਸੰਪਰਕ ਨਾਲ ਅਸਾਨੀ ਨਾਲ ਫੈਲ ਜਾਂਦੇ ਹਨ।ਪਰਟੂਸਿਸ ਕਰਕੇ ਜ਼ੋਰਦਾਰ ਖੰਘ ਆਉਂਦੀ ਹੈ ਜਿਸ ਦਾ ਅੰਤ ਅਕਸਰ ਅਗਲੇ ਸਾਹ ਤੋਂ ਪਹਿਲਾਂ ਇੱਕ ਲਲਕਾਰ ਵਰਗੀ ਅਵਾਜ ਨਾਲ ਹੁੰਦਾ ਹੈ।ਇਹ ਖੰਘ ਕਈ ਮਹੀਨਿਆਂ ਤੱਕ ਰਹਿ ਸਕਦੀ ਹੈ ਅਤੇ ਅਕਸਰ ਸਭ ਤੋਂ ਜਿਆਦਾ ਰਾਤ ਵੇਲੇ ਵਾਪਰਦੀ ਹੈ। ਪਰਟੂਸਿਸ ਹੋਣ ਵਾਲੇ ਲਗਭਗ 170 ਬੱਚਿਆਂ ਵਿੱਚੋਂ 1 ਦੀ ਮੌਤ ਹੋ ਸਕਦੀ ਹੈ। ਪਰਟੂਸਿਸ ਬਾਰੇ ਹੋਰ ਜਾਣਕਾਰੀ ਲਈ, HealthLinkBC Files #15c ਪਰਟੂਸਿਸ (ਵੂਪਿੰਗ ਕੱਫ) ਦੇਖੋ।

**ਟੈਟਨਸ**, ਜਿਸ ਨੂੰ ਲੌਕਜਾਅ (Lockjaw) ਵੀ ਕਿਹਾ ਜਾਂਦਾ ਹੈ, ਦਾ ਕਾਰਨ ਅਜਿਹਾ ਬੈਕਟੀਰੀਆ ਹੈ ਜੋ ਅਕਸਰ ਮਿੱਟੀ ਵਿੱਚ ਪਾਇਆ ਜਾਂਦਾ ਹੈ। ਜਦੋਂ ਇਹ ਬੈਕਟੀਰੀਆ ਚੀਰ ਜਾਂ ਝਰੀਟ ਦੇ ਰਾਹੀਂ ਚਮੜੀ ਵਿੱਚ ਦਾਖਲ ਹੋ ਜਾਂਦੇ ਹਨ, ਤਾਂ ਉਹ ਅਜਿਹੇ ਜ਼ਹਿਰ ਦਾ ਉਤਪਾਦਨ ਕਰਦੇ ਹਨ ਜੋ ਸਾਰੇ ਸਰੀਰ ਵਿੱਚ ਮਾਸਪੇਸ਼ੀਆਂ ਦੀ ਦਰਦਨਾਕ ਅਕੜਨ ਦਾ ਕਾਰਨ ਬਣ ਸਕਦਾ ਹੈ। ਜੇ ਸਾਹ ਲੈਣ ਵਾਲੀਆਂ ਮਾਸਪੇਸ਼ੀਆਂ ਪ੍ਰਭਾਵਤ ਹੋ ਜਾਣ ਤਾਂ ਇਹ ਬਹੁਤ ਗੰਭੀਰ ਹੈ। ਟੈਟਨਸ ਹੋਣ ਵਾਲੇ 5 ਵਿਅਕਤੀਆਂ ਵਿੱਚੋਂ 1 ਦੀ ਮੌਤ ਤੱਕ ਹੋ ਸਕਦੀ ਹੈ।

**ਪੋਲੀਓ** ਵਾਇਰਸ ਨਾਲ ਵਿਗਾੜ ਕਰਕੇ ਹੋਣ ਵਾਲੀ ਬਿਮਾਰੀ ਹੈ।ਹਾਲਾਂਕਿ ਜਿਆਦਾਤਰ ਪੋਲੀਓ ਦੇ ਵਿਗਾੜਾਂ ਦੇ ਕੋਈ ਲੱਛਣ ਨਹੀਂ ਦਿਖਾਈ ਦਿੰਦੇ, ਦੂਸਰਿਆਂ ਦਾ ਨਤੀਜਾ ਬਾਹਵਾਂ ਜਾਂ ਲੱਤਾਂ ਦਾ ਲਕਵਾ ਅਤੇ ਮੌਤ ਤੱਕ ਹੋ ਸਕਦਾ ਹੈ।ਪੋਲੀਓ ਵਾਇਰਸ ਨਾਲ ਵਿਗਾੜਗ੍ਰਸਤ 200 ਲੋਕਾਂ ਵਿੱਚੋਂ ਲਗਭਗ 1 ਨੂੰ ਲਕਵਾ ਹੁੰਦਾ ਹੈ।ਪੋਲੀਓ ਵਿਗਾੜਗ੍ਰਸਤ ਵਿਅਕਤੀ ਦੀਆਂ ਆਂਤਾਂ ਦੀ ਹਰਕਤ(ਮਲ) ਦੇ ਨਾਲ ਸੰਪਰਕ ਹੋਣ ਨਾਲ ਫੈਲ ਸਕਦਾ ਹੈ।ਅਜਿਹਾ ਮਲ ਦੇ ਨਾਲ ਦੂਸ਼ਿਤ ਭੋਜਨ ਖਾਣ ਜਾਂ ਪਾਣੀ ਪੀਣ ਨਾਲ ਹੋ ਸਕਦਾ ਹੈ।

***ਹੀਮੋਫਿਲਸ ਇਨਫ਼ਲੂਐਂਜ਼ਾਈ* ਟਾਈਪ ਬੀ**, ਇੱਕ ਬੈਕਟੀਰੀਆ ਹੈ ਜੋ ਆਮਤੌਰ ਤੇ 5 ਸਾਲ ਤੋਂ ਛੋਟੇ ਬੱਚਿਆਂ ਤੇ ਅਸਰ ਕਰਦਾ ਹੈ।ਇਸ ਨਾਲ ਮੈਨਿੰਨਜਾਈਟਿਸ, ਦਿਮਾਗ਼ ਨੂੰ ਢੱਕਣ ਵਾਲੀ ਝਿੱਲੀ ਦਾ ਵਿਗਾੜ, ਅਤੇ ਸੈਪਟੀਸੇਮੀਆ, ਖ਼ੂਨ ਦਾ ਵਿਗਾੜ, ਸਮੇਤ ਜਾਨ ਲੇਵਾ ਵਿਗਾੜ ਹੋ ਸਕਦੇ ਹਨ। *ਹੀਮੋਫਿਲਸ ਇਨਫ਼ਲੂਐਨਜ਼ਾਈ* ਟਾਈਪ ਬੀ. ਵਿਗਾੜ ਖੰਘਣ, ਨਿੱਛਣ ਜਾਂ ਨਿਕਟੀ ਆਮ੍ਹੋ-ਸਾਮ੍ਹਣੇ ਸੰਪਰਕ ਨਾਲ ਫੈਲਦਾ ਹੈ।ਬਿਮਾਰ ਹੋਣ ਵਾਲੇ ਹਰ 20 ਬੱਚਿਆਂ ਵਿਚੋਂ 1 ਮਰ ਸਕਦਾ ਹੈ।

ਡਿਪਥੀਰੀਆ, ਟੈਟਨਸ, ਪੋਲੀਓ ਅਤੇ *ਹੀਮੋਫਿਲਸ ਇਨਫ਼ਲੂਐਨਜ਼ਾਈ* ਟਾਈਪ ਬੀ. ਬਚਪਨ ਦੇ ਨੇਮਕ ਟੀਟਾਕਰਣ ਪ੍ਰੋਗਰਾਮਾਂ ਕਰਕੇ ਹੁਣ ਬੀ ਸੀ ਵਿੱਚ ਵਿਰਲੇ ਹਨ।ਵੂਪਿੰਗ ਕੱਫ ਹਲੇ ਵੀ ਵਾਪਰਦੀ ਹੈ ਪਰ ਪਹਿਲਾਂ ਨਾਲੋਂ ਕਿਧਰੇ ਘੱਟ ਆਮ ਹੈ ਅਤੇ ਟੀਕਾਕਰਣ ਕੀਤੇ ਗਏ ਲੋਕਾਂ ਵਿੱਚ ਜਿਆਦਾ ਹਲਕੀ ਹੁੰਦੀ ਹੈ।

BC Centre for Disease Control
An agency of the Provincial Health Services Authority